ਅਜੀਤ
ਸੋਮਵਾਰ, 22 ਮਈ 2017



ਮਹਾਂਰਾਣੀ ਸਤਿੰਦਰ ਕੌਰ ਸੀਨੀਅਰ ਸੈਕੰਡਰੀ ਸਕੂਲ ਬੇਲਾ ਦੇ ਬਾਰ੍ਹਵੀਂ ਜਮਾਤ 'ਚੋਂ ਪਾਸ ਹੋਏ ਵਿਦਿਆਰਥੀ।

# ਨਤੀਜਾ ਸ਼ਾਨਦਾਰ ਰਿਹਾ

ਬੇਲਾ, 21 ਮਈ (ਮਨਜੀਤ ਸਿੰਘ ਸੈਣੀ)-ਮਹਾਂਰਾਣੀ ਸਤਿੰਦਰ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਬੇਲਾ ਦੀ ਬਾਰ੍ਹਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸੰਬਧੀ ਪ੍ਰਿੰ. ਬਲਵਿੰਦਰ ਕੌਰ ਨੇ ਦੱਸਿਆ ਕਿ ਸਾਇੰਸ ਗਰੁੱਪ ਦੇ ਸਾਰੇ ਵਿਦਿਆਰਥੀ ਪਹਿਲੀ ਪੁਜੀਸ਼ਨ 'ਚ ਪਾਸ ਹੋਏ ਜਿਨ੍ਹਾਂ 'ਚੋਂ ਸਿਮਰਨਜੀਤ ਕੌਰ ਜਟਾਣਾ 80 ਫ਼ੀਸਦੀ ਅੰਕ ਲੈ ਕੇ ਸਕੂਲ ਵਿਚੋਂ ਪਹਿਲੇ ਸਥਾਨ 'ਤੇ ਰਹੀ ਆਰਟਸ ਗਰੁੱਪ 'ਚ ਲਵਪ੍ਰੀਤ ਸਿੰਘ ਪਹਿਲੇ ਸਥਾਨ 'ਤੇ ਰਿਹਾ ਬਾਕੀ ਦੇ ਵਿਦਆਰਥੀ ਵੀ ਚੰਗੇ ਨੰਬਰਾਂ ਨਾਲ ਪਾਸ ਹੋਏ। ਵਿਦਿਆਰਥੀਆਂ ਦੀ ਇਸ ਉਪਲੱਬਧੀ ਦਾ ਸਿਹਰਾ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ, ਸੀਨੀਅਰ ਮੀਤ ਪ੍ਰਧਾਨ ਸੰਗਤ ਸਿੰਘ ਲੌਂਗੀਆਂ, ਸਕੱਤਰ ਦਵਿੰਦਰ ਸਿੰਘ ਜਟਾਣਾ, ਗਿਆਨ ਸਿੰਘ ਬੇਲਾ, ਵਾਈਸ ਪ੍ਰਿੰਸੀਪਲ ਰਾਜਿੰਦਰ ਕੌਰ ਜਟਾਣਾ ਅਤੇ ਕਮੇਟੀ ਦੇ ਸਾਰੇ ਹੀ ਅਹੁਦੇਦਾਰਾਂ ਨੇ ਵਿਦਿਆਰਥੀਆਂ, ਸਟਾਫ਼ ਮੈਂਬਰਾਂ ਨੂੰ ਦਿੱਤਾ।